# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਇਤਿਹਾਸਕ ਨਵੇਂ ਪੰਬਨ ਰੇਲ ਪੁਲ ਦਾ ਉਦਘਾਟਨ ਕਰਨਗੇ। ਉਨ੍ਹਾਂ ਦੇ ਸ਼੍ਰੀਲੰਕਾ ਤੋਂ ਭਾਰਤੀ ਹਵਾਈ ਫੌਜ ਦੇ ਹੈਲੀਕਾਪਟਰ ਰਾਹੀਂ ਮੰਡਪਮ ਵਿਖੇ ਹਵਾਈ ਫੌਜ ਦੇ ਟਿਕਾਣੇ’ਤੇ ਪਹੁੰਚਣ ਦੀ ਉਮੀਦ ਏ । ਅੱਜ ਰਾਮਨੌਮੀ ਦੇ ਸ਼ੁਭ ਮੌਕੇ’ਤੇ, ਪ੍ਰਧਾਨ ਮੰਤਰੀ ਰਾਮੇਸ਼ਵਰਮ ਮੰਦਰ ਵਿੱਚ ਮੱਥਾ ਟੇਕਣਗੇ। ਸਮੁੰਦਰੀ ਲਿਫਟ ਪੁਲ ਦਾ ਉਦਘਾਟਨ ਕਰਨ ਤੋਂ ਇਲਾਵਾ, ਉਹ 8 ਹਜ਼ਾਰ 300 ਕਰੋੜ ਰੁਪਏ ਦੇ ਰੇਲ ਅਤੇ ਸੜਕ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਵੀ ਰੱਖਣਗੇ। ਸ਼੍ਰੀ ਮੋਦੀ ਰਾਮੇਸ਼ਵਰਮ ਤਾਂਬਰਮ ਐਕਸਪ੍ਰੈਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ ਅਤੇ ਇੱਕ ਜਹਾਜ਼ ਨੂੰ ਵੀ ਹਰੀ ਝੰਡੀ ਦਿਖਾਉਣਗੇ ਜੋ ਵਰਟੀਕਲ ਲਿਫਟ ਸਮੁੰਦਰੀ ਪੁਲ’ ਚੋਂ ਲੰਘੇਗਾ। ਇਹ ਰੇਲਗੱਡੀ ਪਹਿਲੀ ਵਾਰ ਨਵੀਂ ਵਿਛਾਈ ਗਈ ਰੇਲ ਪਟੜੀ ਤੋਂ ਲੰਘੇਗੀ।

550 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਇਸ ਪੁਲ ਦਾ ਰਾਮਾਇਣ ਨਾਲ ਜੁੜਿਆ ਡੂੰਘਾ ਸੱਭਿਆਚਾਰਕ ਮਹੱਤਵ ਏ ਅਤੇ ਇਹ ਰਾਮੇਸ਼ਵਰਮ ਨੂੰ ਮੁੱਖ ਭੂਮੀ ਨਾਲ ਜੋੜਦਾ ਏ।

-----------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨੇ ਅੱਜ ਸਵੇਰੇ ਮਹੋ ਓਮਾਨਥਾਈ ਰੇਲਵੇ ਪ੍ਰੋਜੈਕਟ ਦਾ ਉਦਘਾਟਨ ਕੀਤਾ। ਦੋਵਾਂ ਨੇਤਾਵਾਂ ਨੇ ਮਹੋ ਅਨੁਰਾਧਾਪੁਰਾ ਸੈਕਸ਼ਨ 'ਤੇ ਸਿਗਨਲਿੰਗ ਸਿਸਟਮ ਦੀ ਵੀ ਸ਼ੁਰੂਆਤ ਕੀਤੀ । ਦੋਵੇਂ ਪ੍ਰੋਜੈਕਟ ਭਾਰਤ ਦੀ ਮਦਦ ਨਾਲ ਬਣਾਏ ਗਏ ਨੇ ਅਤੇ ਦੇਸ਼ ਦੇ ਉੱਤਰੀ ਹਿੱਸੇ ਅਤੇ ਕੋਲੰਬੋ ਵਿਚਕਾਰ ਰੇਲਗੱਡੀਆਂ ਦੇ ਸੁਚਾਰੂ, ਸੁਰੱਖਿਅਤ ਅਤੇ ਭਰੋਸੇਮੰਦ ਸੰਚਾਲਨ ਨੂੰ ਯਕੀਨੀ ਬਣਾਉਣਗੇ। ਇਸ ਤੋਂ ਪਹਿਲਾਂ,ਅੱਜ ਦੋਵਾਂ ਨੇਤਾਵਾਂ ਨੇ ਜਯਾ ਸ਼੍ਰੀ ਮਹਾ ਬੋਧੀ ਮੰਦਰ ਵਿੱਚ ਪ੍ਰਾਰਥਨਾ ਕੀਤੀ ਅਤੇ ਆਸ਼ੀਰਵਾਦ ਲਿਆ।

-----------------------------------------------------------

ਅੱਜ ਦੇਸ਼ ਦੇ ਵੱਖ ਵੱਖ ਹਿਸਿਆਂ ਦੇ ਨਾਲ ਨਾਲ ਪੰਜਾਬ ਭਰ ਵਿਚ ਵੀ

ਰਾਮ ਨੋਮੀ ਦਾ ਤਿਓਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਹ ਤਿਓਹਾਰ ਭਗਵਾਨ ਵਿਸ਼ਨੂੰ ਦੇ ਸਤਵੇਂ ਅਵਤਾਰ ਲੈਣ ਦੇ ਦਿਨ ਦਾ ਪ੍ਰਤੀਕ ਏ । ਅਯੁਧਿਆ ਵਿਚ, ਦੁਨੀਆ ਦੇ ਕੋਨੇ -ਕੋਨੇ ਤੋਂ ਸ਼ਰਧਾਲੂ ਭਗਵਾਨ ਰਾਮ ਦੇ ਅਵਤਾਰ ਲੈਣ ਦਾ ਦਿਨ ਮਨਾਉਣ ਲੀ ਪਹੁੰਚ ਰਹੇ ਨੇ ।ਪੰਜਾਬ ਦੇ ਵੱਖ ਵੱਖ ਹਿਸਿਆਂ ਵਾਂਗ ਜਲੰਧਰ 'ਚ ਵੀ ਮੰਦਿਰਾਂ ਨੂੰ ਸਜਾਇਆ ਗਿਆ ਏ ਤੇ ਇਸ ਸੰਬੰਧ ਵਿਚ ਸ਼ੋਭਾ ਯਾਤਰਾ ਕੱਢੀ ਜਾ ਰਹੀ ਏ ।. ਰਾਸ਼ਟਰਪਤੀ ਦਰੋਪਦੀ ਮੁਰਮੂ , ਉਪ -ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰੇ ਦੇਸ਼ ਵਾਸੀਆਂ ਨੂੰ ਇਸ ਪਵਿੱਤਰ ਤਿਓਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ ।

---------------------------------------------------------

ਕੇਂਦਰੀ ਰੇਲਵੇ ਅਤੇ ਫੂਡ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸੀਨੀਅਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਆਪਣੀ ਭੁੱਖ ਹੜਤਾਲ ਖਤਮ ਕਰਨ ਅਤੇ ਕਿਸਾਨੀ ਮੰਗਾਂ 'ਤੇ ਕੇਂਦਰ ਸਰਕਾਰ ਨਾਲ ਗੱਲਬਾਤ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਏ । ਉਹਨਾਂ ਡੱਲੇਵਾਲ ਨੂੰ

ਕਿਹਾ ਕਿ ਉਹਨਾਂ ਦੀ ਸਿਹਤ ਵਧੇਰੇ ਮਹੱਤਵਪੂਰਨ ਏ .। ਮੰਤਰੀ ਨੇ ਕਿਹਾ ਕਿ ਲੋਕ ਸਭਾ ਸੈਸ਼ਨ ਦੌਰਾਨ ਭਾਜਪਾ ਦੇ ਸਾਰੇ ਮੰਤਰੀਆਂ ਅਤੇ ਸੀਨੀਅਰ ਆਗੂਆਂ ਨੇ ਉਨ੍ਹਾਂ ਤੋਂ ਡੱਲੇਵਾਲ ਦੀ ਤੰਦਰੁਸਤੀ ਬਾਰੇ ਪੁੱਛਿਆ ਸੀ ਅਤੇ ਉਨ੍ਹਾਂ ਦੀ ਤੰਦਰੁਸਤੀ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਸਨ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ 'ਤੇ ਲੜੀਵਾਰ ਮੀਟਿੰਗਾਂ ਕੀਤੀਆਂ ਨੇ ਅਤੇ ਸਰਕਾਰ ਗੱਲਬਾਤ ਜਾਰੀ ਰੱਖਣਾ ਚਾਹੁੰਦੀ ਏ।

----------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਸਰਹੱਦ ਪਾਰੋਂ ਤਸਕਰੀ ਅਤੇ ਅੱਤਵਾਦੀ ਨੈੱਟਵਰਕਾਂ ਵਿਰੁੱਧ ਇੱਕ ਵੱਡੀ ਸਫਲਤਾ ਪ੍ਰਾਪਤ ਕਰਦਿਆਂ, ਜਰਮਨ ਸਿੰਘ ਨੂੰ ਹਥਿਆਰਾਂ ਅਤੇ ਨਕਲੀ ਕਰੰਸੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ।ਉਸ ਕੋਲੋਂ ਇੱਕ ਗਲਾਕ 9mm ਪਿਸਤੌਲ, ਇੱਕ .30 ਕੈਲੀਬਰ ਪਿਸਤੌਲ, 3 ਮੈਗਜ਼ੀਨ ਅਤੇ ₹2,15,500 ਦੀ ਨਕਲੀ ਕਰੰਸੀ ਬਰਾਮਦ ਹੋਈ ਏ .. ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਖੇਪ ਆਈ.ਐੱਸ.ਆਈ. ਦੇ ਕਾਰਕੁਨਾਂ ਦੁਆਰਾ ਖੇਤਰ ਵਿੱਚ ਅਸ਼ਾਂਤੀ

ਪੈਦਾ ਕਰਨ ਲਈ ਭੇਜੀ ਗਈ ਸੀ।ਇਸ ਸੰਬੰਧ ਵਿਚ ਅੰਮ੍ਰਿਤਸਰ ਦੇ ਘਰਿੰਡਾ ਪੁਲਿਸ ਸਟੇਸ਼ਨ ਵਿਖੇ ਐਫ.ਆਈ.ਆਰ. ਦਰਜ ਕੀਤੀ ਗਈ ਏ ਅਤੇ ਗ੍ਰਿਫਤਾਰ ਕੀਤੇ ਗਏ ਵਿਅਕਤੀ ਦੇ ਅਗਲੇ ਅਤੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ ।

--------------------------------------------------

ਖੇਤੀਬਾੜੀ ਵਿਭਾਗ ਵਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਜ਼ਿਲ੍ਹੇ ਭਰ ਦੇ ਕਿਸਾਨਾਂ ਦੇ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਇਸ ਕਿਸਾਨ ਸਿਖਲਾਈ ਕੈਂਪ ਵਿਚ ਮੁੱਖ ਮਹਿਮਾਨ ਦੇ ਤੌਰ ਤੇ ਸੂਬੇ ਦੇ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਸ਼ਾਮਿਲ ਹੋਏ । ਇਸ ਮੌਕੇ ਮੀਡੀਆ ਦੇ ਨਾਲ ਗੱਲਬਾਤ ਕਰਦੇ ਹੋਏ ਮੰਤਰੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਮੇਲੇ ਪਹਿਲਾਂ ਯੂਨੀਵਰਸਿਟੀ ਪੱਧਰ ਅਤੇ ਜਿਲਾ ਪੱਧਰ ਉੱਤੇ ਲਗਾਏ ਜਾਂਦੇ ਨੇ ਤਾਂ ਕਿ ਕਿਸਾਨਾਂ ਨੂੰ ਉਹਨਾਂ ਦੀਆਂ ਫਸਲਾਂ ਬਾਰੇ ਜਾਣਕਾਰੀ ਦਿੱਤੀ ਜਾ ਸਕੇ । ਉਹਨਾਂ ਕਿਹਾ ਕਿ ਅਜਿਹੇ ਕੈਂਪਾ ਕਿਸਾਨਾਂ ਨੂੰ ਫਸਲਾਂ ਤੋਂ ਵਧੇਰੇ ਮੁਨਾਫ਼ਾ ਲੈਣ ਅਤੇ ਬੱਚਤ ਕਰਨ ਦੀ ਸਿਖਲਾਈ

ਦਿੱਤੀ ਜਾਂਦੀ ਏ। ਉਹਨਾਂ ਦੱਸਿਆ ਕਿ ਉਹਨਾਂ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਏ ਕਿ ਅਜਿਹੇ ਸਿਖਲਾਈ ਕੈਂਪ ਪਿੰਡ-ਪਿੰਡ ਜਾ ਕੇ ਲਗਾਏ ਜਾਣ ਤਾਂ ਜੋ ਛੋਟੇ ਕਿਸਾਨਾਂ ਸਮੇਤ ਸਾਰੇ ਇਕਸਨਾ ਨੂੰ ਫਾਇਦਾ ਹੋ ਸਕੇ।

-----------------------------------------------------------

ਪੰਜਾਬ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਚੱਲ ਰਹੇ ਕਣਕ ਦੇ ਖ਼ਰੀਦ ਸੀਜ਼ਨ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ 8 ਲੱਖ ਤੋਂ ਵੱਧ ਕਿਸਾਨਾਂ ਦੀ ਸਹੂਲਤ ਲਈ ਵਿਆਪਕ ਪ੍ਰਬੰਧ ਕੀਤੇ ਗਏ ਨੇ । ਬੀਤੇ ਕੱਲ ਪੰਚਾਇਤ ਭਵਨ ਗੁਰਦਾਸਪੁਰ ਵਿਖੇ ਮਾਝਾ ਖੇਤਰ ’ਚ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ 124 ਲੱਖ ਮੀਟਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਮਿੱਥਿਆ ਗਿਆ ਏ ।